## Press Note

**JAGAT GURU NANAK DEV PUNJAB STATE OPEN UNIVERSITY, PATIALA**

(Established by Act No.19 of 2019 of Legislature of the State of Punjab)

**PSOU/PRO/2024/125** | **26 ਨਵੰਬਰ 2024**

### JGND PSOU ਵਿਖੇ ਸੰਵਿਧਾਨ ਦਿਵਸ ਮਨਾਇਆ

**26 ਨਵੰਬਰ 2024**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵਿਖੇ ਮਾਨਯੋਗ ਵਾਈਸ ਚਾਂਸਲਰ ਪ੍ਰੋ. (ਡਾ.)ਕਰਮਜੀਤ ਸਿੰਘ ਜੀ ਦੀ ਅਗਵਾਈ ਹੇਠ ਸੰਵਿਧਾਨ ਦਿਵਸ ਮਨਾਇਆ ਗਿਆ। ਉਨ੍ਹਾਂ ਨੇ ਸੰਵਿਧਾਨ ਦਿਵਸ ਨਾਲ ਸਬੰਧਤ ਤੱਥਾਂ ਨੂੰ ਪੇਸ਼ ਕਰਦਿਆਂ ਸਾਰਿਆਂ ਨੂੰ ਸਹੀ ਰਾਹ ਤੇ ਚੱਲਣ ਅਤੇ ਸੰਵਿਧਾਨ ਦੇ ਮੂਲ ਸਿਧਾਂਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਤੇ ਨਾਲ ਹੀ ਸਾਰਿਆਂ ਨੂੰ ਆਪਣੇ ਅਧਿਕਾਰਾਂ ਦੇ ਨਾਲ ਨਾਲ ਜਿੰਮੇਵਾਰੀਆਂ ਦੀ ਪੂਰੀ ਸਮਝ ਹੋਣ ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਡਾ. ਭੀਮਰਾਓ ਅੰਬੇਡਕਰ ਦੇ ਯੋਗਦਾਨ ਅਤੇ ਭੇਦਭਾਵ ਵਿਰੁੱਧ ਕੀਤੇ ਇਨਕਲਾਬੀ ਕਦਮਾਂ ਬਾਰੇ ਵੀ ਜਾਣਕਾਰੀ ਦਿੱਤੀ।

ਪ੍ਰੋ. (ਡਾ.) ਗੁਰਦੀਪ ਸਿੰਘ ਬੱਤਰਾ, ਡੀਨ ਅਕਾਦਮਿਕ ਮਾਮਲੇ ਵੱਲੋਂ ਆਏ ਸਾਰੇ ਸਟਾਫ਼ ਦਾ ਸਵਾਗਤ ਕੀਤਾ ਗਿਆ ਅਤੇ ਸੰਵਿਧਾਨ ਦਿਵਸ ਮਨਾਉਣ ਦੇ ਮੁਖ ਉਦੇਸ਼ ਨੂੰ ਸਾਰਿਆਂ ਦੇ ਸਾਹਮਣੇ ਰੱਖਿਆ। ਡਾ. ਸੁਖਪਾਲ ਕੌਰ, ਮੁਖੀ ਦਾਖਲਾ ਸੈੱਲ ਨੇ ਸੰਵਿਧਾਨ ਦੇ ਵਿਸ਼ੇ ਦੀ ਵਿਹਾਰਕਤਾ ਸਬੰਧੀ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨੇ ਸੰਵਿਧਾਨ ਦੇ ਸਮਾਨਤਾ ਦੇ ਅਧਿਕਾਰ ਅਤੇ ਬੋਲਣ ਦੇ ਅਧਿਕਾਰ ਬਾਰੇ ਵਿਚਾਰ ਵੀ ਸਾਂਝੇ ਕੀਤੇ। ਡਾ. ਪਰਮਪ੍ਰੀਤ ਕੌਰ, ਮੁਖੀ, ਸਕੂਲ ਆਫ਼ ਸੋਸ਼ਲ ਸਾਇੰਸਜ਼ ਅਤੇ ਲਿਬਰਲ ਆਰਟਸ ਵੱਲੋਂ ਸੰਵਿਧਾਨ ਦਿਵਸ ਦੇ ਇਤਿਹਾਸ ਤੇ ਰੋਸ਼ਨੀ ਪਾਈ।

ਜਿੰਮੇਵਾਰੀਆਂ ਦੀ ਸਮਝ ਦਿਵਾਉਂਦਿਆਂ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. (ਡਾ.) ਬਲਜੀਤ ਸਿੰਘ ਖਹਿਰਾ ਨੇ ਕਿਹਾ ਕਿ ਹਰ ਇੱਕ ਨਾਗਰਿਕ ਦਾ ਸੰਵਿਧਾਨ ਦੀ ਪਾਲਣਾ ਕਰਨਾ ਪ੍ਰਥਮ ਕਰਤੱਵ ਹੈ ਤੇ ਨਾਲ ਹੀ ਉਨ੍ਹਾਂ ਵੱਲੋਂ ਆਏ ਸਾਰੇ ਸਟਾਫ਼ ਦਾ ਧੰਨਵਾਦ ਕੀਤਾ । ਇਸ ਮੌਕੇ ਯੂਨੀਵਰਸਿਟੀ ਦਾ ਸਮੂਹ ਫੈਕਲਟੀ ਅਤੇ ਸਟਾਫ਼ ਮੌਜੂਦ ਰਿਹਾ ।

NM 26/11/24


ਡਾਇਰੈਕਟਰ
ਲੋਕ ਸੰਪਰਕ ਸੈਲ
Director-Public Relations Cell
Jagat Guru Nanak Dev
Punjab State Open University
Patiala – 147001(PB) INDIA

## News Clips



ਜਗ ਬਾਣੀ ਈ-ਪੇਪਰ

WED,27 NOVEMBER 2024
EDITION: PATIALA BANI, PAGE NO. 1

# ਜਗਤ ਗੁਰੂ ਨਾਨਕ ਦੇਵ ਓਪਨ ਯੂਨੀਵਰਸਿਟੀ ਵਿਖੇ ਸੰਵਿਧਾਨ ਦਿਵਸ ਮਨਾਇਆ

ਪਟਿਆਲਾ, 26 ਨਵੰਬਰ (ਰਾਜੇਸ਼ ਪੰਜੌਲਾ)- ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਿਖੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਅਗਵਾਈ ਹੇਠ ਸੰਵਿਧਾਨ ਦਿਵਸ ਮਨਾਇਆ ਗਿਆ। ਉਨ੍ਹਾਂ ਸੰਵਿਧਾਨ ਦਿਵਸ ਨਾਲ ਸਬੰਧਤ ਤੱਥਾਂ ਨੂੰ ਪੇਸ਼ ਕਰਦਿਆਂ ਸਾਰਿਆਂ ਨੂੰ ਸਹੀ ਰਾਹ 'ਤੇ ਚੱਲਣ ਅਤੇ ਸੰਵਿਧਾਨ ਦੇ ਮੂਲ ਸਿਧਾਂਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਅਤੇ ਨਾਲ ਹੀ ਸਾਰਿਆਂ ਨੂੰ ਆਪਣੇ ਅਧਿਕਾਰਾਂ ਦੇ ਨਾਲ-ਨਾਲ ਜ਼ਿੰਮੇਵਾਰੀਆਂ ਦੀ ਪੂਰੀ ਸਮਝ ਹੋਣ 'ਤੇ ਜ਼ੋਰ ਦਿੱਤਾ।

ਉਨ੍ਹਾਂ ਡਾ. ਭੀਮ ਰਾਓ ਅੰਬੇਡਕਰ ਜੀ ਦੇ ਯੋਗਦਾਨ ਅਤੇ ਭੇਦਭਾਵ ਵਿਰੁੱਧ ਕੀਤੇ ਇਨਕਲਾਬੀ ਕਦਮਾਂ ਬਾਰੇ ਵੀ ਜਾਣਕਾਰੀ ਦਿੱਤੀ। ਪ੍ਰੋ. (ਡਾ.) ਗੁਰਦੀਪ ਸਿੰਘ ਬੱਤਰਾ ਡੀਨ ਅਕਾਦਮਿਕ ਮਾਮਲੇ ਵੱਲੋਂ ਆਏ ਸਾਰੇ ਸਟਾਫ ਦਾ ਸਵਾਗਤ ਕੀਤਾ ਗਿਆ ਅਤੇ ਸੰਵਿਧਾਨ ਦਿਵਸ ਮਨਾਉਣ ਦੇ ਮੁੱਖ ਉਦੇਸ਼ ਨੂੰ ਸਾਰਿਆਂ ਦੇ ਸਾਹਮਣੇ ਰੱਖਿਆ।

ਡਾ. ਸੁਖਪਾਲ ਕੌਰ ਮੁਖੀ ਦਾਖਲਾ ਸੈਲ ਨੇ ਸੰਵਿਧਾਨ ਦੇ ਵਿਸ਼ੇ ਦੀ ਵਿਹਾਰਕਤਾ ਸਬੰਧੀ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਸੰਵਿਧਾਨ ਦੇ ਸਮਾਨਤਾ ਦੇ ਅਧਿਕਾਰ ਅਤੇ ਬੋਲਣ ਦੇ ਅਧਿਕਾਰ ਬਾਰੇ ਵਿਚਾਰ ਵੀ ਸਾਂਝੇ ਕੀਤੇ। ਡਾ. ਪਰਮਪ੍ਰੀਤ ਕੌਰ ਮੁਖੀ ਸਕੂਲ ਆਫ ਸੋਸ਼ਲ ਸਾਇੰਸਿਜ਼ ਅਤੇ ਲਿਬਰਲ ਆਰਟਸ ਵੱਲੋਂ ਸੰਵਿਧਾਨ ਦਿਵਸ ਦੇ ਇਤਿਹਾਸ 'ਤੇ ਰੌਸ਼ਨੀ ਪਾਈ ਗਈ। ਜ਼ਿੰਮੇਵਾਰੀਆਂ ਦੀ ਸਮਝ ਦਵਾਉਂਦਿਆਂ ਯੂਨੀਵਰਸਿਟੀ ਦੇ ਰਜਿਸਟਰਾਰ ਪ੍ਰੋ. (ਡਾ.) ਬਲਜੀਤ ਸਿੰਘ ਖਹਿਰਾ ਨੇ ਕਿਹਾ ਕਿ ਹਰ ਇਕ ਨਾਗਰਿਕ ਦਾ ਸੰਵਿਧਾਨ ਦੀ ਪਾਲਣਾ ਕਰਨਾ ਪ੍ਰਥਮ ਕਰਤੱਵ ਹੈ। ਨਾਲ ਹੀ ਉਨ੍ਹਾਂ ਵੱਲੋਂ ਆਏ ਸਾਰੇ ਸਟਾਫ ਦਾ ਧੰਨਵਾਦ ਕੀਤਾ ਗਿਆ।

ਸੰਵਿਧਾਨ ਦਿਵਸ ਮਨਾਉਣ ਮੌਕੇ ਵਾਈਸ ਚਾਂਸਲਰ ਅਤੇ ਅਧਿਆਪਕ। (ਸੁੰਦਰ)

CMYK

## Photos






JAGAT GURU NANAK DEV
PUNJAB STATE OPEN UNIVERSITY
PATIALA
ਪੰਜਾਬ ਸਟੇਟ ਓਪਨ ਯੂਨੀਵਰਸਿਟੀ
ਪਟਿਆਲਾ

**Link**

https://www.instagram.com/p/DC3X8rNvYLb/?hl=en

https://www.instagram.com/p/DC1I4xTvcIB/?hl=en&img_index=1

https://www.facebook.com/photo/?fbid=122218259030031399&set=a.122130675002031399

https://www.facebook.com/photo?fbid=122218103894031399&set=a.122130675002031399

https://x.com/PSOUniversity/status/1861707998080434591/photo/1

https://x.com/PSOUniversity/status/1861348169453351082/photo/1